ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਪੰਜਾਬ ਸਰਕਾਰ ਵੱਲੋਂ 30 ਜਨਵਰੀ ਤੋਂ ਬਾਅਦ ਪਰਤੇ ਪਰਵਾਸੀ ਭਾਰਤੀਆਂ ਨੂੰ ਆਪਣੇ ਵੇਰਵੇ ਦੇਣ ਦੀ ਅਪੀਲ

ਫਰੀਦਕੋਟ 29 ਮਾਰਚ,2020 ( ) ਕੋਵਿਡ-19 ਨੂੰ ਕਾਬੂ ਪਾਉਣ ਲਈ ਸਿਰਤੋੜ ਕੋਸ਼ਿਸ਼ਾਂ ਕਰ ਰਹੀ ਪੰਜਾਬ ਸਰਕਾਰ ਨੇ 30 ਜਨਵਰੀ 2020 ਤੋਂ ਬਾਅਦ ਭਾਰਤ ਆਏ ਪਰਵਾਸੀ ਭਾਰਤੀਆਂ (ਐਨ.ਆਰ.ਆਈਜ਼) ਅਤੇ ਵਿਦੇਸ਼ ਯਾਤਰਾ ਤੋਂ ਪਰਤੇ ਲੋਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣਾ ਵੇਰਵਾ ਹੈਲਪਲਾਈਨ ਨੰਬਰ 112 ਉਤੇ ਦਰਜ ਕਰਵਾਉਣ।

ਇਹ ਜਾਣਕਾਰੀ ਦਿੰਦਿਆਂ ਅੱਜ ਇੱਥੇ ਇਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਇਸ ਸਬੰਧੀ ਇਕ ਸਵੈ ਘੋਸ਼ਣਾ ਪ੍ਰੋਫਾਰਮਾ ਵੀ ਜਾਰੀ ਕੀਤਾ ਹੈ, ਜਿਸ ਵਿੱਚ ਪਰਵਾਸੀ ਭਾਰਤੀਆਂ ਤੇ ਵਿਦੇਸ਼ ਯਾਤਰਾ ਤੋਂ ਪਰਤਣ ਵਾਲਿਆਂ ਨੂੰ ਆਪਣਾ ਪਾਸਪੋਰਟ ਨੰਬਰ, ਏਅਰਪੋਰਟ ਦਾ ਨਾਮ, ਭਾਰਤ ਆਉਣ ਦੀ ਤਰੀਕ ਅਤੇ ਪੰਜਾਬ ਆਉਣ ਦੀ ਤਰੀਕ ਜਿਹੇ ਵੇਰਵੇ ਦੇਣੇ ਹੋਣਗੇ। ਉਨਾਂ ਦੱਸਿਆ ਕਿ ਇਨਾਂ ਵਿਅਕਤੀਆਂ ਨੂੰ ਆਪਣੇ ਸਥਾਈ ਸਿਰਨਾਵੇਂ ਜਾਂ ਮੌਜੂਦਾ ਠਹਿਰ ਜਾਂ ਹੋਟਲ ਜੇ ਕੋਈ ਹੈ ਤਾਂ ਉਸ ਬਾਰੇ ਦੱਸਣਾ ਪਵੇਗਾ। ਉਨਾਂ ਨੂੰ ਪੰਜਾਬ ਵਿਚਲੀਆਂ ਆਪਣੀਆਂ ਜਾਣ ਵਾਲੀਆਂ ਵਾਲੀਆਂ ਥਾਵਾਂ ਅਤੇ ਸੰਪਰਕ ਨੰਬਰ ਜਿਵੇਂ ਕਿ ਮੋਬਾਈਲ, ਲੈਂਡਲਾਈਨ ਅਤੇ ਈ-ਮੇਲ ਪਤੇ ਬਾਰੇ ਵੀ ਦੱਸਣਾ ਹੋਵੇਗਾ।

ਬੁਲਾਰੇ ਨੇ ਅੱਗੇ ਦੱਸਿਆ ਕਿ ਜੇ ਕਿਸੇ ਪਰਵਾਸੀ ਭਾਰਤੀ ਜਾਂ ਵਿਦੇਸ਼ ਤੋਂ ਪਰਤਣ ਵਾਲੇ ਵਿਅਕਤੀ ਨੇ ਆਪਣੇ ਵੇਰਵੇ ਜਾਣ-ਬੁੱਝ ਕੇ ਸਰਕਾਰ ਤੋਂ ਲੁਕਾਏ ਤਾਂ ਸਬੰਧਤ ਖ਼ਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਉਣ ਬਾਰੇ ਵਿਚਾਰ ਕੀਤਾ ਜਾਵੇਗਾ। ਉਨਾਂ ਕਿਹਾ ਕਿ ਪਰਵਾਸੀ ਭਾਰਤੀ ਇਹ ਜਾਣਕਾਰੀ ਹੈਲਪਲਾਈਨ ਨੰਬਰ 112 ਤੋਂ ਇਲਾਵਾ ਈ-ਮੇਲ dial-112 punjabpolice.gov.in ਅਤੇ ਵੈੱਬਸਾਈਟ https://ners.in/ ਉਤੇ ਵੀ ਭਰ ਸਕਦੇ ਹਨ। ਇਸ ਤੋਂ ਇਲਾਵਾ ਉਹ ਇਹ ਜਾਣਕਾਰੀ 112 ਮੋਬਾਈਲ ਐਪ ਉਤੇ ਵੀ ਦਰਜ ਕਰ ਸਕਦੇ ਹਨ।

--

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ ਫਰੀਦਕੋਟ

ਪ੍ਰੈਸ ਨੋਟ 4

ਪੈਥਾਲੋਜੀ ਲੈਬ ਨੂੰ ਹਰ ਰੋਜ਼ ਸਵੇਰੇ 6 ਵਜੇ ਤੋਂ ਸਵੇਰੇ 9 ਵਜੇ ਤੱਕ ਖੋਲਣ ਦੀ ਛੋਟ

ਲੈਬ ਮਾਲਕ ਘਰ ਤੋਂ ਟੈਸਟ ਦੇ ਸੈਂਪਲ ਲਿਆਉਣ ਅਤੇ ਰਿਪੋਰਟਾਂ ਵਟਸਅੱਪ ਭੇਜਣ ਦੇ ਪਾਬੰਦ ਹੋਣਗੇ

ਫਰੀਦਕੋਟ 29 ਮਾਰਚ () ਜਿਲਾ ਮੈਜਿਸਟ੍ਰੇਟ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਨੇ ਮਿਤੀ 23 ਮਾਰਚ ਨੂੰ ਲਗਾਏ ਕਰਫਿਊ ਉਪਰੰਤ ਫਰੀਦਕੋਟ ਜਿਲ੍ਹੇ ਦੇ ਆਮ ਲੋਕਾਂ ਨੂੰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ ਲਈ ਜਿਲ੍ਹਾ ਫਰੀਦਕੋਟ ਦੀਆਂ ਪ੍ਰਾਈਵੇਟ ਪੈਥਾਲੋਜੀ ਲੈਬ ਨੂੰ ਕਰਫਿਊ ਸਮੇਂ ਦੌਰਾਨ ਹਰ ਰੋਜ਼ ਸਵੇਰੇ 6 ਵਜੇ ਤੋਂ ਸਵੇਰੇ 9 ਵਜੇ ਤੱਕ ਖੋਲਣ ਦੀ ਛੋਟ ਦਿੱਤੀ ਹੈ।

ਜਿਲ੍ਹਾ ਮੈਜਿਸਟ੍ਰੇਟ ਸ੍ਰੀ ਕੁਮਾਰ ਸੌਰਭ ਰਾਜ ਨੇ ਦੱਸਿਆ ਕਿ ਲੈਬ ਮਾਲਕ ਆਪਣੇ ਮੁਲਾਜਮਾਂ ਰਾਹੀਂ ਆਮ ਲੋਕਾਂ ਦੇ ਟੈਲੀਫੋਨ ਆਉਣ ਤੇ ਟੈਸਟ ਦੇ ਸੈਂਪਲ ਲਿਆਉਣ ਅਤੇ ਰਿਪੋਰਟਾਂ ਉਨ੍ਹਾਂ ਦੇ ਵਟਸਅੱਪ ਨੰਬਰ ਤੇ ਭੇਜਣ ਦੇ ਪਾਬੰਦ ਹੋਣਗੇ । ਉਨ੍ਹਾਂ ਕਿਹਾ ਕਿ ਲੈਬ ਮਾਲਕ ਆਪਣੀ ਦੁਕਾਨ ਤੇ ਆਮ ਲੋਕਾਂ ਨੂੰ ਸੈਂਪਲ ਦੇਣ ਲਈ ਦੁਕਾਨ ਤੇ ਆਉਣ ਲਈ ਨਹੀਂ ਕਹਿਣਗੇ ।

ਉਨ੍ਹਾਂ ਦੱਸਿਆ ਕਿ ਅਜਿਹਾ ਕਰਦੇ ਸਮੇਂ ਲੈਬ ਮਾਲਕ ਕਰੋਨਾ ਵਾਇਰਸ ਦੀ ਰੋਕਥਾਮ ਲਈ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵਲੋਂ ਸਮੇਂ - ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਬਨਾਉਣਗੇ । ਇਨ੍ਹਾਂ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਕਾਨੂੰਨ ਦੀ ਧਾਰਵਾਂ ਤਹਿਤ ਕਾਰਵਾਈ ਕੀਤੀ ਜਾਵੇਗੀ ।

ਦਫਤਰ ਜਿਲ੍ਹਾ ਲੋਕ ਸੰਪਰਕ ਅਫਸਰ ਫਰੀਦਕੋਟ

ਪ੍ਰੈਸ ਨੋਟ 3

•ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕਿਸਾਨਾਂ ਨੂੰ ਕਰਫਿਊ ਦੌਰਾਨ ਵੱਡੀ ਰਾਹਤ

•ਕਿਸਾਨ ਸਵੇਰੇ 7ਵਜੇ ਤੋਂ ਸਵੇਰੇ 9 ਵਜੇ ਤੱਕ ਆਪਣੇ ਖੇਤਾਂ ਵਿੱਚ ਮਜ਼ਦੂਰਾਂ ਸਮੇਤ ਕੰਮਕਾਰ ਲਈ ਜਾ ਸਕਣਗੇ

•ਕਿਸਾਨਾਂ ਲਈ ਖੇਤਾਂ ਤੋਂ ਵਾਪਸੀ ਦਾ ਸਮਾਂ ਸ਼ਾਮ 7 ਵਜੇ ਤੋਂ ਰਾਤ 9ਵਜੇ ਤੱਕ ਹੋਵੇਗਾ

•ਕਿਸਾਨ ਸਵੇਰੇ 9 ਵਜੇ ਤੋਂ ਸ਼ਾਮ 7 ਵਜੇ ਤੱਕ ਆਪਣੇ ਖੇਤਾਂ ਵਿੱਚ ਹੀ ਰਹਿਣਗੇ

ਕਿਸਾਨਾਂ ਨੂੰ ਕਰਫਿਊ ਦੌਰਾਨ ਖੇਤਾਂ ਵਿੱਚ ਟਰੈਕਟਰ ,ਕੰਬਾਈਨਾਂ ਤੇ ਹੋਰ ਖੇਤੀ ਮਸ਼ੀਨਰੀ ਲਿਜਾਣ ਲਿਆਉਣ ਦੀ ਪੂਰੀ ਛੋਟ

ਫਰੀਦਕੋਟ 29 ਮਾਰਚ () ਜਿਲਾ ਮੈਜਿਸਟ੍ਰੇਟ ਫਰੀਦਕੋਟ ਸ੍ਰੀ ਕੁਮਾਰ ਸੌਰਭ ਰਾਜ ਨੇ ਮਿਤੀ 23 ਮਾਰਚ ਨੂੰ ਲਗਾਏ ਕਰਫਿਊ ਉਪਰੰਤ ਫਰੀਦਕੋਟ ਜਿਲ੍ਹੇ ਦੇ ਕਿਸਾਨਾਂ ਨੂੰ ਫਸਲ ਦੀ ਕਟਾਈ ਅਤੇ ਵੱਖ - ਵੱਖ ਖੇਤੀ ਕਾਰਜਾਂ ਲਈ ਆਪਣੇ ਖੇਤ ਮਜ਼ਦੂਰਾ ਸਮੇਤ ਖੇਤਾਂ ਵਿੱਚ ਆਉਣ ਜਾਣ ਦੀ ਛੋਟ ਦਿੱਤੀ ਹੈ।

ਜਿਲ੍ਹਾ ਮੈਜਿਸਟ੍ਰੇਟ ਸ੍ਰੀ ਕੁਮਾਰ ਸੌਰਭ ਰਾਜ ਨੇ ਦੱਸਿਆ ਕਿ ਕਿਸਾਨ ਖੇਤਾਂ ਵਿੱਚ ਸਵੇਰੇ 06 ਵਜੇ ਤੋਂ ਸਵੇਰੇ 09 ਵਜੇ ਤੱਕ ਜਾ ਸਕਦੇ ਹਨ ਅਤੇ ਖੇਤਾਂ ਤੋਂ ਵਾਪਿਸ ਆਉਣ ਦਾ ਸਮਾਂ ਸ਼ਾਮ 07 ਵਜੇ ਤੋਂ ਸ਼ਾਮ 9 ਵਜੇ ਤੱਕ ਨਿਰਧਾਰਤ ਕੀਤਾ ਗਿਆ ਹੈ । ਇਸ ਸਮੇਂ ਦੌਰਾਨ ਕਿਸਾਨ ਸਵੇਰੇ 09 ਵਜੇ ਤੋਂ ਸ਼ਾਮ 07 ਵਜੇ ਤੱਕ ਆਪਣੇ ਖੇਤਾਂ ਵਿੱਚ ਹੀ ਰਹਿਣਗੇ ਅਤੇ ਆਪਣੀ ਖੇਤੀ ਨਾਲ ਸਬੰਧਤ ਖੇਤੀ ਕਾਰਜ ਕਰਨਗੇ । ਇਸ ਸਮੇਂ ਦੌਰਾਨ ਕਿਸਾਨਾਂ ਨੂੰ ਹੋਰ ਕਿਸੇ ਵੀ ਤਰਾਂ ਦੀ ਗਤੀਵਿਧੀ ਜਾਂ ਆਵਾਜਾਈ ਦੀ ਆਗਿਆ ਨਹੀਂ ਹੋਵੇਗੀ । ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਫਸਲ ਦੀ ਕਟਾਈ , ਬਿਜਾਈਂ ਅਤੇ ਢੋਆ ਢੁਆਈ ਲਈ ਵਰਤੀ ਜਾਣ ਵਾਲੀ ਮਸ਼ੀਨਰੀ ਜਿਵੇਂ ਕਿ ਟਰੈਕਟਰ , ਟਰਾਲੀ , ਕੰਬਾਇਨ ਆਦਿ ਦੀ ਆਵਾਜਾਈ ਵਿੱਚ ਕਰਫਿਊ ਹੁਕਮਾਂ ਵਿੱਚ ਮੁਕੰਮਲ ਤੌਰ ਤੇ ਛੋਟ ਦਿੱਤੀ ਗਈ ਹੈ । ਸਹਿਕਾਰੀ ਅਤੇ ਨਿੱਜੀ ਖੇਤਰ ਵਿੱਚ ਫਾਰਮ ਮਸ਼ੀਨਰੀ ਨਾਲ ਸਬੰਧਤ ਕਸਟਮ ਹਾਇਰਿੰਗ ਸੈਂਟਰਾਂ , ਖੇਤੀ ਮਸ਼ੀਨਰੀ ਬੈਂਕ ਦੇ ਸੰਚਾਲਨ ਦੀ ਕਰਫਿਊ ਹੁਕਮਾਂ ਵਿੱਚ ਸਵੇਰੇ 06 ਵਜੇ ਤੋਂ ਸਵੇਰੇ 09 ਵਜੇ ਤੱਕ ਛੋਟ ਦਿੱਤੀ ਗਈ ਹੈ । ਖੇਤੀ ਮਸ਼ੀਨੀ ਦੀ ਰਿਪੇਅਰ ਅਤੇ ਸਪੇਰਪਾਰਟਸ ਆਦਿ ਨਾਲ ਸਬੰਧਤ ਦੁਕਾਨਾਂ ਨੂੰ ਵੀ ਰੋਜ਼ਾਨਾ ਸਵੇਰੇ 06 ਵਜੇ ਤੋਂ ਸਵੇਰੇ 09 ਵਜੇ ਤੱਕ ਛੋਟ ਦਿੱਤੀ ਗਈ ਹੈ । ਜਿਲਾ ਫਰੀਦਕੋਟ ਅੰਦਰ ਬੀਜ , ਖਾਦ , ਕੀਟਨਾਸ਼ਕਾਂ ਦੀ ਵਿਕਰੀ ਦੀ ਕਰਫਿਊ ਹੁਕਮਾਂ ਵਿੱਚ ਸਵੇਰੇ 06 ਵਜੇ ਤੋਂ ਸਵੇਰੇ 09 ਵਜੇ ਤੱਕ ਛੋਟ ਦਿੱਤੀ ਗਈ ਹੈ । ਇਹ ਦੁਕਾਨਦਾਰ ਕਿਸਾਨਾਂ ਨੂੰ ਬੀਜ , ਖਾਦ ਅਤੇ ਕੀਟਨਾਸ਼ਕ ਮੁਹੱਈਆ ਕਰਵਾਉਣਗੇ।

ਉਨ੍ਹਾਂ ਦੱਸਿਆ ਕਿ ਅਜਿਹਾ ਕਰਦੇ ਸਮੇਂ ਕਿਸਾਨ ਅਤੇ ਹੋਰ ਵਿਅਕਤੀ ਕਰੋਨਾ ਵਾਇਰਸ ਦੀ ਰੋਕਥਾਮ ਲਈ ਭਾਰਤ ਸਰਕਾਰ ਅਤੇ ਪੰਜਾਬ ਸਰਕਾਰ ਵਲੋਂ ਸਮੇਂ - ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਯਕੀਨੀ ਬਣਾਈ ਬਨਾਉਣਗੇ । ਇਸ ਸਮੇਂ ਦੌਰਾਨ ਕਿਸਾਨ ਅਤੇ ਹੋਰ ਵਿਅਕਤੀ ਸਮਾਜਿਕ ਦੂਰੀ ( 1.5 ਤੋਂ 2 ਮੀਟਰ ) ਬਣਾਈ ਰੱਖਣੀ ਵੀ ਯਕੀਨੀ ਬਨਾਉਣਗੇ । ਇਨ੍ਹਾਂ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ ਕਾਨੂੰਨ ਦੀ ਧਾਰਵਾਂ ਤਹਿਤ ਕਾਰਵਾਈ ਕੀਤੀ ਜਾਵੇਗੀ ।

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਰੀਦਕੋਟ

ਵਿਧਾਇਕ ਕੁਸ਼ਲਦੀਪ ਸਿੰਘ ਢਿੱਲੋਂ ਦੀਆਂ ਕੋਸ਼ਿਸ਼ਾਂ ਸਦਕਾ 21 ਵਿਅਕਤੀ ਗੁੜਗਾਉ ਤੋਂ ਫਰੀਦਕੋਟ ਲਿਆਂਦੇ ਗਏ

ਮੈਡੀਕਲ ਜਾਂਚ ਤੋਂ ਬਾਅਦ ਉਨ੍ਹਾਂ ਨੂੰ ਘਰ ਭੇਜਿਆ ਗਿਆ

ਗੁੜਗਾਉ ਤੋਂ ਆਏ ਵਿਅਕਤੀਆਂ ਨੇ ਸ ਕੁਸ਼ਲਦੀਪ ਸਿੰਘ ਢਿੱਲੋਂ ਦਾ ਧੰਨਵਾਦ ਕੀਤਾ

ਫਰੀਦਕੋਟ 29 ਮਾਰਚ, 2020 ( ) ਭਾਰਤ ਸਰਕਾਰ ਵੱਲੋਂ ਐਲਾਨੇ ਲਾਕ ਡਾਊਨ ਤੋਂ ਬਾਅਦ ਫਰੀਦਕੋਟ ਜ਼ਿਲ੍ਹੇ ਨਾਲ ਸਬੰਧਤ 21 ਵਿਅਕਤੀ ਜੋ ਕਿ ਗੁੜਗਾਉ ਵਿਖੇ ਵੱਖ ਵੱਖ ਕੰਪਨੀਆਂ ਵਿਚ ਕੰਮ ਕਰ ਰਹੇ ਸਨ ਅਤੇ ਪਿਛਲੇ ਕਈ ਦਿਨਾਂ ਤੋ ਕਰਫਿਊ ਕਾਰਨਂ ਕੰਪਨੀ ਦਾ ਕੰਮਕਾਰ ਬੰਦ ਹੋਣ ਕਾਰਨ ਕੰਪਨੀ ਵੱਲੋਂ ਉਨ੍ਹਾਂ ਨੂੰ ਕੰਮ ਤੋਂ ਹਟਾ ਦਿੱਤਾ ਗਿਆ ਸੀ,ਇਨ੍ਹਾਂ ਕੋਲ ਨਾ ਹੀ ਕੋਈ ਰੋਜ਼ੀ ਰੋਟੀ ਦਾ ਸਾਧਨ ਸੀ ਅਤੇ ਨਾ ਹੀ ਰਹਿਣ ਦਾ ਉਪਰੋਕਤ ਇਨ੍ਹਾਂ ਵਿਅਕੀਆਂ ਵੱਲੋਂ ਮੁੱਖ ਮੰਤਰੀ ਦੇ ਸਿਆਸੀ ਸਲਾਹਕਾਰ ਅਤੇ ਫਰੀਦਕੋਟ ਦੇ ਵਿਧਾਇਕ ਸ ਕੁਸ਼ਲਦੀਪ ਸਿੰਘ ਢਿੱਲੋ ਨਾਲ ਸੰਪਰਕ ਕੀਤਾ ਗਿਆ। ਸ ਕੁਸ਼ਲਦੀਪ ਸਿੰਘ ਢਿੱਲੋਂ ਨੇ ਆਪਣਾ ਨਿੱਜੀ ਵਾਹਨ ਭੇਜ ਕੇ ਅਤੇ ਕਰਫਿਊ ਤੋਂ ਮੰਜੂਰੀ ਦਵਾ ਕੇ ਫਰੀਦਕੋਟ ਲਿਆਂਦਾ ਜਿਸ ਵਿਚ 19 ਨੌਜਵਾਨ ਅਤੇ 2 ਲੜਕੀਆਂ ਸ਼ਾਮਲ ਸਨ।ਇਹ ਵਿਅਕਤੀ ਫਰੀਦਕੋਟ ਜ਼ਿਲ੍ਹੇ ਦੇ ਪਿੰਡ ਕੋਨੀ, ਝੋਕ ਸਰਕਾਰੀ ਅਤੇ ਨੱਥਲ ਵਾਲਾ ਨਾਲ ਸਬੰਧਤ ਸਨ।

ਫਰੀਦਕੋਟ ਪਹੁੰਚਣ ਉਪਰੰਤ ਉਨ੍ਹਾਂ ਦਾ ਸਿਵਲ ਹਸਪਤਾਲ ਵਿਖੇ ਡਾ ਚੰਦਰ ਸ਼ੇਖਰ ਕੱਕੜ ਐਸ ਐਮ ਓ ਵੱਲੋਂ ਮੈਡੀਕਲ ਜਾਂਚ ਕੀਤੀ ਗਈ ਅਤੇ ਸਾਰੇ ਸਹੀ ਪਾਏ ਗਏ। ਇਸ ਉਪਰੰਤ ਇਨ੍ਹਾਂ ਨੂੰ ਘਰ ਭੇਜ ਦਿੱਤਾ ਗਿਆ ਅਤੇ ਐਸ ਐਮ ਓ ਵੱਲੋਂ ਉਨ੍ਹਾਂ ਨੂੰ 14 ਦਿਨਾਂ ਲਈ ਘਰ ਵਿਚ ਰਹਿਣ ਦੀ ਹਦਾਇਤ ਕੀਤੀ ਗਈ ਅਤੇ ਪਰਿਵਾਰਕ ਮੈਂਬਰਾਂ ਤੋਂ ਵੀ ਦੂਰ ਰਹਿਣ ਲਈ ਕਿਹਾ ਅਤੇ ਕਿਸੇ ਵੀ ਤਰ੍ਹਾਂ ਦੀ ਦਿੱਕਤ ਆਉਣ ਤੇ ਉਹ 01639-250947 ਤੇ ਸੰਪਰਕ ਕਰ ਸਕਦੇ ਹਨ।

ਵਿਧਾਇਕ ਕੁਸ਼ਲਦੀਪ ਸਿੰਘ ਢਿੱਲੋਂ ਨੇ ਕਿਹਾ ਕਿ ਸਾਡੇ ਸਾਰਿਆਂ ਦਾ ਫਰਜ ਬਣਦਾ ਹੈ ਕਿ ਇਸ ਦੁੱਖ ਦੀ ਘੜੀ ਵਿਚ ਇਕ ਦੂਜੇ ਨਾਲ ਖੜੀਏ।ਉਨ੍ਹਾਂ ਕਿਹਾ ਕਿ ਸਹਿਰ ਵਿਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਐਨ ਜੀ ਓ ਦੀ ਮਦਦ ਨਾਲ ਘਰ ਘਰ ਰਾਸ਼ਨ ਪਹੁੰਚਾਇਆ ਜਾ ਰਿਹਾ ਹੈ ਅਤੇ ਇਸੇ ਤਰ੍ਹਾਂ ਪਿੰਡਾਂ ਦੀਆਂ ਪੰਚਾਇਤਾਂ ਨੂੰ ਵੀ ਕਿਹਾ ਗਿਆ ਹੈ ਕਿ ਉਹ ਆਪਣੇ ਪੱਧਰ ਤੇ ਆਪਣੇ ਅਖਤਿਆਰੀ ਫੰਡ ਵਿਚੋ ਗਰੀਬਾਂ ਅਤੇ ਲੋੜਵੰਦਾਂ ਨੂੰ ਰਾਸ਼ਨ ਅਤੇ ਹੋਰ ਜ਼ਰੂਰੀ ਸਮਾਨ ਪਹੁੰਚਾਉਣ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਜੇਕਰ ਕਿਸੇ ਵੀ ਤਰ੍ਹਾਂ ਦੀ ਜ਼ਿਲ੍ਹਾ ਵਾਸੀਆਂ ਨੂੰ ਕੋਈ ਦਿੱਕਤ ਆਉਂਦੀ ਹੈ ਤਾਂ ਉਹ ਉਨ੍ਹਾਂ ਨਾਲ ਨਿੱਜੀ ਤੌਰ ਤੇ ਵੀ ਸੰਪਰਕ ਕਰ ਸਕਦੇ ਹਨ।ਵਾਪਸ ਪਰਤੇ ਵਿਅਕਤੀਆਂ ਨੇ ਸ ਕੁਸ਼ਲਦੀਪ ਸਿੰਘ ਢਿੱਲੋਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਸ ਢਿੱਲੋਂ ਦਾ ਅਹਿਸਾਨ ਜਿੰਦਗੀ ਭਰ ਨਹੀਂ ਭੁੱਲਣਗੇ।